# Punjab Government Gazette

## EXTRAORDINARY

*Published by Authority*

CHANDIGARH, WEDNESDAY, JUNE 9, 2021 (JYAISTHA 19, 1943 SAKA)


**ਪੰਜਾਬ ਸਰਕਾਰ**

ਸਥਾਨਕ ਸਰਕਾਰ ਵਿਭਾਗ

(ਸਥਾਨਕ ਸਰਕਾਰ-3 ਸ਼ਾਖਾ)

**ਸੋਧ ਅਨੁਸਾਰ ਅਧਿਸੂਚਨਾ**

ਮਿਤੀ 9 ਜੂਨ, 2021

**ਨੰ: 16/11/19-4ਸਸ3/1151.-**ਜਿਵੇਂ ਕਿ ਨਗਰ ਕੌਂਸਲ ਬਰਨਾਲਾ ਵੱਲੋਂ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ: 166 ਮਿਤੀ 28.11.2016 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ ਅਖਬਾਰ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ, ਇਤਰਾਜ ਪ੍ਰਾਪਤ ਨਾ ਹੋਣ ਕਾਰਨ ਨਗਰ ਕੌਂਸਲ ਬਰਨਾਲਾ ਵੱਲੋਂ ਮਤਾ ਨੰ: 157 ਮਿਤੀ 04.07.2016 ਨੂੰ ਫਾਈਨਲ ਨੋਟੀਫਿਕੇਸ਼ਨ ਕਰਾਉਣ ਲਈ ਮਤਾ ਪ੍ਰਵਾਨ ਕੀਤਾ ਗਿਆ। ਜਿਸ ਤਹਿਤ ਨਗਰ ਕੌਂਸਲ, ਬਰਨਾਲਾ ਵਿਚ ਕਾਓ ਸੈਸ ਲਗਾਉਣ ਸਬੰਧੀ ਸਰਕਾਰ ਵੱਲੋਂ ਅਧਿਸੂਚਨਾ ਨੰ: 16/11/19-4ਸਸ3/1492 ਮਿਤੀ 07.11.2019 ਜਾਰੀ ਕੀਤੀ ਗਈ ਸੀ। ਜਿਸ ਵਿਚ ਬਿਜਲੀ ਪ੍ਰਤੀ ਯੂਨਿਟ ਤੇ 0.02 ਪੈਸੇ ਕਾਓ ਸੈਸ ਲਗਾਇਆ ਗਿਆ ਸੀ। ਜਿਸ ਵਿਚ ਸੋਧ ਕਰਦੇ ਹੋਏ ਅਧਿਸੂਚਨਾ ਜਾਰੀ ਕੀਤੀ ਜਾ ਰਹੀ ਹੈ।

2. "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ ਬਰਨਾਲਾ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/- ਰੁਪਏ | ਨਗਰ ਕੌਂਸਲ ਬਰਨਾਲਾ |
| 2 | ਬਿਜਲੀ ਪ੍ਰਤੀ ਯੂਨਿਟ | 2 ਪੈਸੇ | ਕਾਰਜਕਾਰੀ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ: ਬਰਨਾਲਾ |
| 3 | ਸੀਮਿੰਟ ਪ੍ਰਤੀ ਬੈਗ | 01/- ਰੁਪਏ | ਨਗਰ ਕੌਂਸਲ ਬਰਨਾਲਾ |

| | | | |
|---|---|---|---|
| 4 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ | 1000/- ਰੁਪਏ | ਨਗਰ ਕੌਂਸਲ ਬਰਨਾਲਾ |
| 5 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸਨ | 500/- ਰੁਪਏ | ਨਗਰ ਕੌਂਸਲ ਬਰਨਾਲਾ |
| 6 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/- ਰੁਪਏ | ਰੀਜ਼ਨਲ ਟਰਾਂਸਪੋਰਟ ਅਥਾਰਟੀ, ਬਰਨਾਲਾ |
| 7 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/- ਰੁਪਏ | ਰੀਜ਼ਨਲ ਟਰਾਂਸਪੋਰਟ ਅਥਾਰਟੀ, ਬਰਨਾਲਾ |

ਨੋਟ: ਸ਼ਰਾਬ/ਬੀਅਰ ਤੇ ਕਰ ਵਿਭਾਗ ਵੱਲੋਂ ਲਾਇਸੰਸ ਫੀਸ ਲਗਾਈ ਗਈ ਹੈ। ਇਹ ਆਮਦਨ ਕਾਓ ਸੈਸ ਦੇ ਰੱਖ-ਰਖਾਓ ਲਈ ਵਰਤੀ ਜਾਣੀ ਹੈ।

**ਅਜੋਏ ਕੁਮਾਰ ਸਿਨਹਾ, ਆਈ.ਏ.ਐਸ.,**

ਚੰਡੀਗੜ੍ਹ

ਮਿਤੀ 31 ਮਈ, 2021

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

*2318/6-2021/Pb. Govt. Press, S.A.S. Nagar*